ਦਫਤਰ ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਮੈਜਿਸਟਰੇਟ, ਬਠਿੰਡਾ
Office of the Deputy Commissioner & Distt. Magistrate Bathinda.
(ਸ਼ਿਕਾਇਤ ਸ਼ਾਖਾ)

2353
9/X/24

ਪੱਤਰ ਨੰ:...24.6.1-62.../ਸਪਸ/ਸਕ-4 ਮਿਤੀ...7-10-2024

ਸੇਵਾ ਵਿਖੇ,

1) ਜਿਲ੍ਹਾ ਸਿੱਖਿਆ ਅਫਸਰ, (ਸੈ.ਸਿੱ.) ਬਠਿੰਡਾ
2) ਜਿਲ੍ਹਾ ਸਿੱਖਿਆ ਅਫਸਰ, (ਐਲੀ.ਸਿੱ.), ਬਠਿੰਡਾ

ਵਿਸ਼ਾ: ਸਿਵਲ ਰਿੱਟ ਪਟੀਸ਼ਨ ਨੰ: 7942 ਆਫ 2024 ਬਲਦੇਵ ਸਿੰਘ ਉਰਫ ਬਲਦੇਵ ਸਿੰਘ ਚੀਮਾ ਅਤੇ ਹੋਰ ਬਨਾਮ ਪੰਜਾਬ ਸਰਕਾਰ ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਪਟੀਸ਼ਨਰ ਬਲਦੇਵ ਸਿੰਘ ਵੱਲੋਂ ਸਿਵਲ ਰਿੱਟ ਪਟੀਸ਼ਨ ਨੰ: 7942 ਆਫ 2024 ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਖੇ ਦਾਇਰ ਕੀਤੀ ਗਈ ਹੈ। ਇਸ ਵਿੱਚ ਮੁੱਖ ਤੌਰ ਤੇ ਇਹ ਰਲੀਫ ਮੰਗਿਆ ਗਿਆ ਹੈ ਕਿ ਉਨ੍ਹਾਂ ਲੋਕਾਂ ਦੇ ਖਿਲਾਫ ਕਾਰਵਾਈ ਕੀਤੀ ਜਾਵੇ ਜਿੰਨ੍ਹਾਂ ਵੱਲੋਂ ਕੁਝ ਬੇਕਸੂਰ ਭੋਲੇ ਭਾਲੇ ਵਿਅਕਤੀਆਂ ਨੂੰ Black Magic ਦੇ ਨਾਮ ਤੇ ਜਾਂ ਜਾਅਲੀ ਧਾਰਮਿਕ ਰੀਤੀ ਰਿਵਾਜ਼ਾਂ ਦੇ ਨਾਮ ਤੇ ਲੁੱਟਿਆ ਜਾਂਦਾ ਹੈ। ਇਸ ਸਬੰਧੀ, The Drugs and Magic Remedies (Objectionable Advertisements) Act, 1954 ਵਿੱਚ ਅਜਿਹੇ ਸ਼ਰਾਰਤੀ ਅਨਸਰਾਂ ਦੇ ਖਿਲਾਫ ਕਾਰਵਾਈ ਕਰਨ ਦਾ ਅਤੇ ਇਸ ਤੋਂ ਲੋਕਾਂ ਨੂੰ ਬਚਾਉਣ ਦਾ ਉਪਬੰਧ ਕੀਤਾ ਗਿਆ ਹੈ।

ਇਸ ਲਈ, ਉਕਤ ਐਕਟ ਦੇ ਮੱਦੇਨਜ਼ਰ ਆਪ ਨੂੰ ਲਿਖਿਆ ਜਾਂਦਾ ਹੈ ਕਿ ਜਿਲ੍ਹੇ ਅਧੀਨ ਪੈਂਦੇ ਸਮੂਹ ਵਿੱਦਿਅਕ ਅਦਾਰਿਆਂ ਦੇ ਮੁੱਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਸਾਰੇ ਵਿਦਿਆਰਥੀਆਂ ਨੂੰ ਇਸ ਐਕਟ ਬਾਰੇ ਜਾਣੂ ਕਰਵਾਉਣ ਸਬੰਧੀ ਲੋੜੀਂਦੇ ਉਪਰਾਲੇ ਆਪਣੇ ਪੱਧਰ ਤੇ ਕਰਨ। ਵਿਦਿਆਰਥੀਆਂ ਨੂੰ Assembly ਸਮੇਂ ਜਾਂ ਪੜ੍ਹਾਉਂਦੇ ਸਮੇਂ ਅੰਧਵਿਸ਼ਵਾਸ ਫੈਲਾਉਣ ਵਾਲੇ ਵਿਅਕਤੀਆਂ ਤੋਂ ਦੂਰ ਰਹਿਣ ਸਬੰਧੀ ਸਲਾਹ/ਜਾਣਵਾਰੀ ਦਿੱਤੀ ਜਾਵੇ ਅਤੇ ਅਜਿਹੇ ਵਿਅਕਤੀਆਂ ਦੇ ਖਿਲਾਫ ਕਾਰਵਾਈ ਕਰਵਾਉਣ ਲਈ ਪ੍ਰੇਰਿਤ ਕੀਤਾ ਜਾਵੇ।

ਇਸ ਨੂੰ ਅਤੀ ਜ਼ਰੂਰੀ ਸਮਝਿਆ ਜਾਵੇ।

ਡਿਪਟੀ ਕਮਿਸ਼ਨਰ,
ਬਠਿੰਡਾ।

ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ

ਪਿਠ ਅੰਕਣ ਨੰ :ਜੀ-1/1 ( )2024/ 11167 ਮਿਤੀ: 10.10.24

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ, ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਅਨੁਸਾਰ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨਾ ਯਕੀਨੀ ਬਣਾਇਆ ਜਾਵੇ ।

ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
ਬਠਿੰਡਾ।